# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922


ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 26 ਜਨਵਰੀ 2026 ਦਿਨ ਸੋਮਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਭਾਰਤੀ ਹਾਕੀ ਟੀਮ ਨੂੰ ਸਭ ਤੋਂ ਵੱਧ ਕਪਤਾਨ ਦੇਣ ਵਾਲੇ ਕੋਚ ਬਲਦੇਵ ਸਿੰਘ ਨੂੰ ਪਦਮ ਸ਼੍ਰੀ ਪੁਰਸਕਾਰ ਦੇ ਐਲਾਨ ਨਾਲ ਲੁਧਿਆਣਾ ਵਿੱਚ ਖੁਸ਼ੀਆਂ ਦੀ ਲਹਿਰ

### ਪੰਜਾਬੀ ਲੋਕ ਵਿਰਾਸਤ ਅਕਾਡਮੀ ਵੱਲੋਂ ਮੁਬਾਰਕਬਾਦ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾਃ 26 ਜਨਵਰੀ : ਭਾਰਤ ਸਰਕਾਰ ਵੱਲੋਂ ਗਣ ਤੰਤਰ ਦਿਵਸ ਦੀ ਪੂਰਵ ਸੰਧਿਆ ਤੇ ਕੌਮੀ ਪੁਰਸਕਾਰਾਂ ਦੇ ਐਲਾਨ ਵਿੱਚ ਭਾਰਤੀ ਹਾਕੀ ਟੀਮ ਨੂੰ ਸਭ ਤੋਂ ਵੱਧ ਕਪਤਾਨ ਤੇ ਔਰਤਾਂ ਦੀ ਹਾਕੀ ਵਿੱਚ ਸਭ ਤੋਂ ਵੱਧ ਅੰਤਰ ਰਾਸ਼ਟਰੀ ਤੇ ਉਲੰਪੀਅਨ ਖਿਡਾਰਨਾਂ ਤਿਆਰ ਕਰਨ ਵਾਲੇ ਕੌਮੀ ਹਾਕੀ ਕੋਚ ਬਲਦੇਵ ਸਿੰਘ ਨੂੰ ਪਦਮ ਸ਼੍ਰੀ ਪੁਰਸਕਾਰ ਮਿਲਣ ਤੇ ਲੁਧਿਆਣਾ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।

ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਬਲਦੇਵ ਸਿੰਘ ਨੇ ਆਪਣਾ ਖੇਡ ਸਫ਼ਰ ਪਹਿਲਾਂ ਮਾਲਵਾ ਖਾਲਸਾ ਹਾਈ ਸਕੂਲ ਲੁਧਿਆਣਾ ਤੇ ਮਗਰੋਂ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਿਜ ਵਿੱਚ ਆਰੰਭਿਆ। ਉਹ 1971-72 ਵਿੱਚ ਸਾਡਾ ਇਸ ਕਾਲਿਜ ਵਿੱਚ ਸਾਥੀ ਸੀ। ਉਦੋਂ ਹੀ ਇਸ ਕਾਲਿਜ ਨੇ ਪੰਜਾਬ ਯੂਨੀਵਰਸਿਟੀ ਹਾਕੀ ਚੈਂਪੀਅਨਸ਼ਿਪ ਜਿੱਤੀ ਸੀ। ਉਨ੍ਹਾਂ ਕਿਹਾ ਕਿ ਬਲਦੇਵ ਸਿੰਘ ਮਗਰੋਂ ਆਰੀਆ ਕਾਲਿਜ ਵਿੱਚ ਪੜ੍ਹਨ ਚਲੇ ਗਏ ਜਿੱਥੇ ਹਾਕੀ ਉਲੰਪੀਅਨ ਸੁਰਜੀਤ ਸਿੰਘ ਰੰਧਾਵਾ ਦੀ ਸੰਗਤ ਕਾਰਨ ਉਚੇਰੇ ਸੁਪਨੇ ਲੈਣ ਦੀ ਪ੍ਰੇਰਨਾ ਮਿਲੀ। ਬਲਦੇਵ ਸਿੰਘ ਨੂੰ ਰੁਜ਼ਗਾਰ ਪ੍ਰਾਪਤੀ ਲਈ ਹਰਿਆਣਾ ਨੇ ਸੰਭਾਲਿਆ ਜਿੱਥੇ ਉਸ ਨੇ ਸ਼ਾਹਬਾਦ ਮਾਰਕੰਡਾ ਨੂੰ ਕੇਂਦਰ ਬਣਾ ਕੇ ਅੰਤਰ ਰਾਸ਼ਟਰੀ ਪਛਾਣ ਬਣਾਈ। ਮੈਨੂੰ ਮਾਣ ਹੈ ਕਿ ਬਲਦੇਵ ਸਿੰਘ ਕਾਲਿਜ ਸਮਿਆਂ ਤੋਂ ਹੁਣ ਤੀਕ ਮੇਰਾ ਪਿਆਰਾ ਮਿੱਤਰ ਹੈ।

ਬਲਦੇਵ ਸਿੰਘ ਦਾ ਇਸ ਪੁਰਸਕਾਰ ਲਈ ਨਾਮ ਐਲਾਨੇ ਜਾਣ ਤੇ ਪ੍ਰਸੰਨਤਾ ਦਾ ਪ੍ਰਗਟਾਵਾ ਕਰਦਿਆਂ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਿਜ ਦੇ ਪ੍ਰਧਾਨ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਡਾ. ਸ ਪ ਸਿੰਘ ਨੇ ਵੀ ਮੁਬਾਰਕ ਦਿੱਤੀ ਹੈ। ਬਲਦੇਵ ਸਿੰਘ ਨੂੰ ਇਸ ਤੋਂ ਪਹਿਲਾਂ ਦਰੋਣਾਚਾਰੀਆ ਐਵਾਰਡ ਵੀ ਮਿਲ ਚੁੱਕਾ ਹੈ। ਬਲਦੇਵ ਸਿੰਘ ਲੁਧਿਆਣਾ ਸਥਿਤ ਪਿੰਡ ਹੈਬੋਵਾਲ ਦੇ ਵਸਨੀਕ ਹਨ।

## ਪੀ.ਏ.ਯੂ. ਵਿੱਚ 77 ਵੇਂ ਗਣਤੰਤਰ ਦਿਵਸ ਮੌਕੇ ਵਾਈਸ ਚਾਂਸਲਰ ਨੇ ਕੌਮੀ ਤਿਰੰਗਾ ਲਹਿਰਾਇਆ

### ਨੌਜਵਾਨਾਂ ਨੂੰ ਗਣਤੰਤਰ ਦੀਆਂ ਕਦਰਾਂ ਕੀਮਤਾਂ ਉੱਪਰ ਪਹਿਰਾ ਦੇਣ ਦੀ ਲੋੜ : ਡਾ ਗੋਸਲ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 26 ਜਨਵਰੀ : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਵਿਖੇ ਅੱਜ 77ਵਾਂ ਗਣਤੰਤਰ ਦਿਵਸ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ । ਇਸ ਮੌਕੇ ਵਾਈਸ ਚਾਂਸਲਰ ਡਾ.ਸਤਿਬੀਰ ਸਿੰਘ ਗੋਸਲ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਉਹਨਾਂ ਨੇ ਕੌਮੀ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕੀਤੀ । ਗਣਤੰਤਰ ਪਰੇਡ ਵਿਚ ਸ਼ਾਮਿਲ ਵਿਦਿਆਰਥੀਆਂ ਨੂੰ ਸਲਾਮੀ ਦੇਣ ਤੋਂ ਬਾਅਦ ਆਪਣੇ ਸੰਦੇਸ਼ ਵਿਚ ਗਣਤੰਤਰ ਦਿਵਸ ਦੀ ਮਹੱਤਤਾ ਅਤੇ ਸੰਵਿਧਾਨਕ ਮੁੱਲਾਂ ਦੀ ਸਥਾਪਤੀ ਬਾਰੇ ਬੋਲਦਿਆਂ ਉਹਨਾਂ ਸਭ ਨੂੰ ਇਸ ਦਿਹਾੜੇ ਦੀ ਵਧਾਈ ਦਿੱਤੀ। ਡਾ ਗੋਸਲ ਨੇ ਕਿਹਾ ਕਿ ਭਾਵੇਂ ਸਾਨੂੰ ਆਜ਼ਾਦੀ 15 ਅਗਸਤ 1947 ਨੂੰ ਮਿਲ ਗਈ ਸੀ, ਪਰ 26 ਜਨਵਰੀ 1950 ਨੂੰ ਭਾਰਤ ਇੱਕ ਪੂਰਨ ਗਣਰਾਜ ਬਣਿਆ। ਉਨ੍ਹਾਂ। ਭਾਰਤ ਦੇ ਸੰਵਿਧਾਨ ਨੂੰ ਗਣਤੰਤਰ ਦੀ ਅਸਲੀ ਆਜ਼ਾਦੀ ਕਿਹਾ ਜੋ ਸਾਨੂੰ ਬਰਾਬਰੀ, ਭਾਈਚਾਰੇ ਅਤੇ ਇਨਸਾਫ਼ ਦਾ ਹੱਕ ਪ੍ਰਦਾਨ ਕਰਦੀ ਹੈ।ਇਸ ਗਣਤੰਤਰ ਲਈ ਕੁਰਬਾਨ ਹੋਣ ਵਾਲੇ ਸ਼ਹੀਦਾਂ ਨੂੰ ਯਾਦ ਕਰਦਿਆਂ ਡਾ ਗੋਸਲ ਨੇ ਕਿਹਾ ਕਿ ਅੱਜ ਦਾ ਦਿਨ ਉਨ੍ਹਾਂ ਸਾਰੇ ਮਹਾਨ ਸ਼ਹੀਦਾਂ ਅਤੇ ਸੁਤੰਤਰਤਾ ਸੈਨਾਨੀਆਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਨ ਦਾ ਦਿਨ ਹੈ, ਜਿਨ੍ਹਾਂ ਨੇ ਸਾਡੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ।ਉਨ੍ਹਾਂ ਅਣਗਿਣਤ ਨਾਇਕਾਂ ਦੀ ਬਹਾਦਰੀ ਅਤੇ ਬਲਿਦਾਨ ਨੂੰ ਅਸੀਂ ਕਦੇ ਨਹੀਂ ਭੁੱਲ ਸਕਦੇ। ਉਨ੍ਹਾਂ ਦੇ ਸੁਪਨਿਆਂ ਦਾ ਭਾਰਤ ਬਣਾਉਣਾ ਹੁਣ ਸਾਡਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਪੀ ਏ ਯੂ ਆਜ਼ਾਦ ਭਾਰਤ ਦੀ ਖੇਤੀ ਖੋਜ, ਸਿੱਖਿਆ ਅਤੇ ਪਸਾਰ ਦੀ ਸਿਰਕੱਢ ਸੰਸਥਾ ਹੈ।ਯੂਨੀਵਰਸਿਟੀ ਆਪਣੀ ਸ਼ੁਰੂਆਤ ਤੋਂ ਹੀ ਖੇਤੀ ਖੇਤਰ ਵਿੱਚ ਬਿਹਤਰ ਕਾਰਗੁਜ਼ਾਰੀ ਲਈ ਜਾਣੀ ਜਾਂਦੀ ਹੈ। ਭਾਰਤ ਦੀ ਭੋਜਨ ਸੁਰੱਖਿਆ ਦੇ ਨਾਲ-ਨਾਲ ਨਵੀਆਂ ਕਿਸਮਾਂ ਅਤੇ ਤਕਨੀਕੀ ਹੱਲ ਲੱਭ ਕੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ‘ਤੇ ਯੂਨੀਵਰਸਿਟੀ ਨੇ ਆਪਣਾ ਅਹਿਮ ਯੋਗਦਾਨ ਦਿੱਤਾ ਹੈ। ਵਾਈਸ ਚਾਂਸਲਰ ਨੇ ਲਗਾਤਾਰ ਤੀਸਰੇ ਸਾਲ ਪੀ ਏ ਯੂ ਨੂੰ ਦੇਸ਼ ਦੀ ਸਰਵੋਤਮ ਖੇਤੀ ਯੂਨੀਵਰਸਿਟੀ ਦੀ ਰੈਂਕਿੰਗ ਮਿਲਣ ਉੱਪਰ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਸਦਾ ਸਿਹਰਾ ਸਮੂਹ ਅਮਲੇ ਦੇ ਸਿਰ ਬੱਝਦਾ ਹੈ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀ, ਅਧਿਆਪਕ ਅਤੇ ਕਰਮਚਾਰੀ ਸਮੇਂ-ਸਮੇਂ ‘ਤੇ ਸੰਸਥਾ ਲਈ ਮਾਣ ਦੇ ਪਲ ਹਾਸਲ ਕਰਦੇ ਰਹੇ ਹਨ ਅਤੇ ਇਸ ਦੇ ਅਮਲੇ ਦਾ ਹਰ ਜੀਅ ਆਪਣੇ ਕੰਮ ਨੂੰ ਜ਼ਿੰਮੇਵਾਰੀ ਅਤੇ ਲਗਨ ਨਾਲ ਨਿਭਾ ਰਿਹਾ ਹੈ। ਡਾ ਗੋਸਲ ਨੇ ਕਿਹਾ ਕਿ ਅੱਜ ਦੇ ਸਮੇਂ ਸਾਨੂੰ ਤਕਨਾਲੋਜੀ ਦੀ ਸਹਾਇਤਾ ਨਾਲ ਆਪਣੇ ਕੰਮ ਨੂੰ ਡਿਜ਼ੀਟਲ ਰੂਪ ਵਿੱਚ ਕਰਨ ਦਾ ਗੁਰ ਸਿੱਖਣਾ ਪਵੇਗਾ। ਪੀ.ਏ.ਯੂ ਵਲੋਂ ਨਵੀਂ ਤਕਨਾਲੋਜੀਆਂ ਦੇ ਖੇਤਰ ਵਿਚ ਕੀਤੀ ਜਾ ਰਹੀ ਖੋਜ ਦਾ ਜ਼ਿਕਰ ਕਰਨ ਸਮੇਂ ਵਾਈਸ ਚਾਂਸਲਰ ਨੇ ਅਜੋਕੀ ਤਕਨੀਕ ਰਾਹੀਂ ਖੇਤੀ ਨੂੰ ਆਧੁਨਿਕ ਅਤੇ ਕਾਰੋਬਾਰੀ ਬਣਾਉਣ ਦੀ ਲੋੜ ਉੱਪਰ ਜ਼ੋਰ ਦਿੱਤਾ। ਨਾਲ ਹੀ ਉਨ੍ਹਾਂ ਕਿਹਾ ਕਿ ਅੱਜ ਭਾਰਤ ਦੀ ਤਾਕਤ ਸਾਡੇ ਨੌਜਵਾਨ ਹਨ। ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਖੁਸ਼ਹਾਲ ਪੰਜਾਬ ਦੀ ਸਿਰਜਣਾ ਲਈ ਲਗਾਤਾਰ ਯਤਨਸ਼ੀਲ ਰਹੀਏ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪਣੇ ਜੀਵਨ ਵਿੱਚ ਅਨੁਸ਼ਾਸਨ, ਲੱਗਣ ਅਤੇ ਗਣਤੰਤਰ ਦੀਆਂ ਕੀਮਤਾਂ ਦੇ ਧਾਰਨੀ ਬਣਨ ਲਈ ਪ੍ਰੇਰਿਤ ਕੀਤਾ ਤਾਂ ਕਿ ਉਹ ਭਵਿੱਖ ਵਿੱਚ ਯੋਗ, ਚਰਿੱਤਰਵਾਨ ਅਤੇ ਆਦਰਸ਼ ਨਾਗਰਿਕ ਬਣ ਦੇ ਰਾਹ ਪੈ ਸਕਣ। ਉਨ੍ਹਾਂ ਨੇ ਅੰਤ ਵਿਚ ਸਭ ਦੀ ਚੜ੍ਹਦੀ ਕਲਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਨਿਰਮਲ ਜੌੜਾ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਮਨੁੱਖੀ ਜੀਵਨ ਵਿੱਚ ਅਨੁਸ਼ਾਸ਼ਨ ਦੀ ਲੋੜ ਹੈ। ਨਾਲ ਹੀ ਉਹਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਗਣਤੰਤਰ ਦੇ ਤੌਰ ਤੇ ਭਾਰਤ ਦੀ ਮਜ਼ਬੂਤੀ ਲਈ ਯਤਨ ਕਰਨੇ ਚਾਹੀਦੇ ਹਨ ਅਤੇ ਸਮਾਜ ਨੂੰ ਇੱਕ ਮਜ਼ਬੂਤ ਇਕਾਈ ਵਿੱਚ ਬੰਨ ਕੇ ਰੱਖਣਾ ਸਮੇਂ ਦੀ ਲੋੜ ਹੈ ।


ਇਸ ਮੌਕੇ ਪੀ.ਏ.ਯੂ. ਦੇ ਰਜਿਸਟਰਾਰ ਡਾ ਰਿਸ਼ੀਪਾਲ ਸਿੰਘ, ਆਈ ਏ ਐੱਸ ਨੇ ਸਭ ਦਾ ਧੰਨਵਾਦ ਕਰਦਿਆਂ ਯੂਨੀਵਰਸਿਟੀ ਦੀਆਂ ਖੋਜ, ਪਸਾਰ ਅਤੇ ਅਕਾਦਮਿਕ ਪ੍ਰਾਪਤੀਆਂ ਉੱਪਰ ਖੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਆਜ਼ਾਦੀ ਅਤੇ ਗਣਤੰਤਰ ਦੀ ਭਾਵਨਾ ਨੂੰ ਦੂਜਿਆਂ ਲਈ ਸਨਮਾਨ ਅਤੇ ਬਰਾਬਰੀ ਦੇ ਰੂਪ ਵਿੱਚ ਸਥਾਪਿਤ ਕਰਨਾ ਅੱਜ ਦੇ ਭਾਰਤੀ ਸਮਾਜ ਦਾ ਮੂਲ ਕਰਤਵ ਹੈ।

ਸਮਾਰੋਹ ਦਾ ਸੰਚਾਲਨ ਲੜਕਿਆਂ ਦੇ ਭਲਾਈ ਅਧਿਕਾਰੀ ਸ਼੍ਰੀ ਗੁਰਪ੍ਰੀਤ ਵਿਰਕ ਨੇ ਕੀਤਾ

ਪੀ ਏ ਯੂ ਦੇ ਉੱਚ ਅਧਿਕਾਰੀ , ਵੱਖ ਵੱਖ ਕਾਲਜਾਂ ਦੇ ਡੀਨ, ਡਾਇਰੈਕਟਰ ਅਤੇ ਵਿਭਾਗਾਂ ਦੇ ਮੁਖੀ ਸਾਹਿਬਾਨ, ਅਧਿਆਪਕ, ਕਰਮਚਾਰੀ ਅਤੇ ਵਿਦਿਆਰਥੀ ਸਮਾਰੋਹ ਵਿਚ ਸ਼ਾਮਿਲ ਸਨ।

## 26 ਜਨਵਰੀ 1986 ਦੇ ਸਰਬੱਤ ਖ਼ਾਲਸਾ ਨੂੰ ਯਾਦ ਕਰਦਿਆਂ...

ਵਰਲਡ ਪੰਜਾਬੀ ਟਾਈਮਜ਼
ਰਣਜੀਤ ਸਿੰਘ ਦਮਦਮੀ ਟਕਸਾਲ




ਅੱਜ ਤੋਂ 40 ਸਾਲ ਪਹਿਲਾਂ ਜ਼ੁਲਮ ਦੀ ਵਰ੍ਹਦੀ ਅੱਗ ਵਿੱਚ 26 ਜਨਵਰੀ 1986 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਦਮਦਮੀ ਟਕਸਾਲ ਵੱਲੋਂ ਸਰਬੱਤ ਖ਼ਾਲਸਾ ਸਮਾਗਮ ਕੀਤਾ ਗਿਆ ਸੀ ਜਿਸ ਨੂੰ ਅੱਜ ਯਾਦ ਕਰਨਾ ਬਣਦਾ ਹੈ। ਇਸ ਸਰਬੱਤ ਖਾਲਸਾ ਤੋਂ ਭਾਰਤ ਸਰਕਾਰ, ਅਖੌਤੀ ਅਕਾਲੀ ਅਤੇ ਪੰਥ ਦੇ ਹੋਰ ਦੁਸ਼ਮਣ ਪੂਰੀ ਤਰ੍ਹਾਂ ਡਰ ਗਏ ਸਨ। ਤਕਰੀਬਨ ਡੇਢ ਸਦੀ ਬਾਅਦ ਇਸ ਮਹਾਨ ਸੰਸਥਾ ਦੀ ਵਿਰਾਸਤ ਨਾਲ ਜੁੜ ਕੇ ਅਠਾਰ੍ਹਵੀਂ ਸਦੀ ਦੇ ਸਿੰਘਾਂ-ਸੂਰਮਿਆਂ ਵਾਂਗ ਸਰਕਾਰ ਦੇ ਨੱਕ ਵਿੱਚ ਦਮ ਕਰਨ ਲਈ ਅਤੇ ਪੰਥ ਦੇ ਭਵਿੱਖ ਤੇ ਸੰਘਰਸ਼ ਦੀ ਰਣਨੀਤੀ ਤੇ ਤਕਦੀਰ ਘੜਨ ਕਰਨ ਲਈ ਇਹ ਸਰਬੱਤ ਖ਼ਾਲਸਾ ਸਮਾਗਮ ਹੋਇਆ ਸੀ। ਇਸ ਤੋਂ ਪਹਿਲਾਂ ਜੂਨ 1984 ਦਾ ਘੱਲੂਘਾਰਾ ਵਾਪਰ ਚੁੱਕਾ ਸੀ ਜਿਸ ਵਿੱਚ ਦਮਦਮੀ ਟਕਸਾਲ ਦੇ ਚੌਦ੍ਹਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ, ਫੈਡਰੇਸ਼ਨ ਦੇ ਪ੍ਰਧਾਨ ਭਾਈ ਸਾਹਿਬ ਭਾਈ ਅਮਰੀਕ ਸਿੰਘ ਜੀ ਅਤੇ ਜਨਰਲ ਸ਼ਬੇਗ ਸਿੰਘ ਦੀ ਅਗਵਾਈ ਵਿੱਚ ਜੁਝਾਰੂ ਸਿੰਘਾਂ ਨੇ ਚੜ੍ਹ ਕੇ ਆਈ ਭਾਰਤੀ ਫ਼ੌਜ ਨੂੰ ਖ਼ਾਲਸਾਈ ਹੱਥ ਵਿਖਾਉਂਦਿਆ ਚਮਕੌਰ ਦੀ ਗੜ੍ਹੀ ਵਾਂਗ ਸ਼ਾਨਾਮੱਤਾ ਇਤਿਹਾਸ ਦੁਹਰਾਇਆ ਸੀ। ਇਸ ਫ਼ੌਜੀ ਹਮਲੇ ਵਿੱਚ ਸ੍ਰੀ ਦਰਬਾਰ ਸਾਹਿਬ ਉੱਤੇ ਸੈਂਕੜੇ ਗੋਲ਼ੀਆਂ ਲੱਗੀਆਂ, ਸ੍ਰੀ ਅਕਾਲ ਤਖ਼ਤ ਸਾਹਿਬ ਢਹਿ-ਢੇਰੀ ਹੋਇਆ, ਸਿੱਖ ਰੈਫਰੈਂਸ ਲਾਈਬ੍ਰੇਰੀ ਲੁੱਟੀ ਗਈ, ਤੋਸ਼ਾਖਾਨਾ ਸਾੜਿਆ ਗਿਆ ਅਤੇ ਹਜ਼ਾਰਾਂ ਸੰਗਤਾਂ ਨੂੰ ਬੇਦਰਦੀ ਨਾਲ਼ ਸ਼ਹੀਦ ਕੀਤਾ ਗਿਆ ਅਤੇ ਗ੍ਰਿਫ਼ਤਾਰ ਕੀਤੇ ਸਿੰਘਾਂ ਨੂੰ ਜੇਲ੍ਹਾਂ ‘ਚ ਨਜ਼ਰਬੰਦ ਕਰ ਦਿੱਤਾ ਗਿਆ। ਫਿਰ ਪਾਪਣ ਇੰਦਰਾ ਗਾਂਧੀ ਦੀ ਮੌਤ ਤੋਂ ਨਵੰਬਰ 1984 ਵਿੱਚ ਰਾਜਧਾਨੀ ਦਿੱਲੀ ਅਤੇ ਭਾਰਤ ਦੇ ਹੋਰ ਸੂਬਿਆਂ ਵਿੱਚ ਸਿੱਖ ਕੌਮ ਦੀ ਨਸਲਕੁਸ਼ੀ ਕੀਤੀ ਗਈ, ਗੁਰਦੁਆਰੇ ਸਾੜੇ ਗਏ, ਸਿੱਖਾਂ ਦੇ ਗਲ਼ਾਂ ‘ਚ ਬਲ਼ਦੇ ਟਾਇਰ ਪਾਏ ਗਏ, ਬੀਬੀਆਂ ਦੀ ਪੱਤ ਲੁੱਟੀ ਗਈ ਤੇ ਫਿਰ ਪੰਜਾਬ ਵਿੱਚ ਵੀ ਝੂਠੇ ਪੁਲਿਸ ਮੁਕਾਬਲੇ ਬਣਾਏ ਜਾਣ ਲੱਗੇ। ਇਹਨਾਂ ਭਿਆਨਕ ਹਲਾਤਾਂ ਵਿੱਚ ਪੱਤਾ-ਪੱਤਾ ਸਿੰਘਾਂ ਦਾ ਵੈਰੀ ਬਣ ਗਿਆ ਸੀ, ਬਹੁਤਾਂਤ ਸਿੰਘ ਰੂਪੋਸ਼ ਹੋ ਚੁੱਕੇ ਸਨ, ਟਾਂਵੇ-ਟਾਂਵੇ ਜੁਝਾਰੂ ਐਕਸ਼ਨ ਅਤੇ ਸ਼ਹੀਦੀਆਂ ਹੋ ਰਹੀਆਂ ਸਨ। ਇਸ ਸਮੇਂ ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਅਤੇ ਅਕਾਲੀ ਆਗੂ ਪੂਰੀ ਤਰ੍ਹਾਂ ਨਿਸਲ ਹੋ ਚੁੱਕੇ ਸਨ ਤੇ ਉਹ ਸਰਕਾਰ ਦੇ ਹੱਕ ਵਿੱਚ ਭੁਗਤ ਰਹੇ ਸਨ। ਉਸ ਸਮੇਂ ਦਮਦਮੀ ਟਕਸਾਲ ਵੱਲੋਂ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ 28-29 ਦਸੰਬਰ 1985 ਨੂੰ ਵੱਡਾ ਸ਼ਹੀਦੀ ਸਮਾਗਮ ਕੀਤਾ ਗਿਆ ਜਿੱਥੇ ਪਹਿਲੀ ਵਾਰ ਅਨੇਕਾਂ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ ਹੋਇਆ ਤੇ ਗੁਰਮਤਿਆਂ ਵਿੱਚ ਮਤਾ ਪਾਸ ਕਰਕੇ 26 ਜਨਵਰੀ 1986 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਰਬੱਤ ਖਾਲਸਾ ਬੁਲਾਇਆ ਗਿਆ। ਇਸ ਸਮਾਗਮ ਨੂੰ ਰੋਕਣ ਲਈ ਸਰਕਾਰ ਨੇ ਗ੍ਰਿਫ਼ਤਾਰੀਆਂ, ਜ਼ੁਲਮ ਅਤੇ ਹਰ ਹੀਲਾ ਕੀਤਾ ਪਰ ਫਿਰ ਵੀ ਦਮਦਮੀ ਟਕਸਾਲ ਦੇ ਕਾਰਜਕਾਰੀ ਮੁਖੀ ਸੰਤ ਬਾਬਾ ਠਾਕੁਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲ਼ਿਆਂ ਦੇ ਸੱਦੇ ਉੱਤੇ ਲੱਖਾਂ ਸੰਗਤਾਂ ਦਾ ਇਕੱਠ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਇਆ। ਸੰਗਤਾਂ ਤਾਂ ਇਹ ਠਾਠਾਂ ਮਾਰਦਾ ਇਕੱਠ ਜੋ ਭਾਰਤ ਸਰਕਾਰ ਦੇ ਖ਼ਿਲਾਫ਼ ਅਤੇ ਪ੍ਰਭੂਸੱਤਾ ਸੰਪੰਨ ਅਜ਼ਾਦ ਸਿੱਖ ਰਾਜ (ਖ਼ਾਲਿਸਤਾਨ) ਦੇ ਹੱਕ ਵਿੱਚ ਨਿੱਤਰਿਆ ਸੀ ਤੇ ਹਰ ਪਾਸੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਜ਼ਿੰਦਾਬਾਦ ਅਤੇ ਖ਼ਾਲਿਸਤਾਨ ਜ਼ਿੰਦਾਬਾਦ ਦੇ ਨਾਹਰੇ ਗੂੰਜ ਰਹੇ ਸਨ, ਇਹ ਖ਼ਾਲਸਾਈ ਵਿਲੱਖਣਤਾ ਅਤੇ ਸ਼ਾਨ ਦਾ ਪ੍ਰਗਟਾਵਾ ਸੀ ਜਿਸ ਨੂੰ ਵੇਖ ਕੇ ਸਰਕਾਰ ਹੱਕੀ-ਬੱਕੀ ਰਹਿ ਗਈ। ਸਰਬੱਤ ਖ਼ਾਲਸਾ ਸਮਾਗਮ ਵਿੱਚ 23 ਗੁਰਮਤੇ ਪਾਸ ਕੀਤੇ ਗਏ “ਜਿਸ ਵਿੱਚ ਬੁੱਢਾ ਦਲ ਦੇ ਮੁਖੀ ਸੰਤਾ ਸਿੰਘ ਨਿਹੰਗ ਨੂੰ ਕੌਮ ਦਾ ਗ਼ੱਦਾਰ ਕਿਹਾ ਗਿਆ ਅਤੇ ਉਸ ਵੱਲੋਂ ਸਰਕਾਰੀ ਪੈਸੇ ਨਾਲ ਬਣਾਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਇਮਾਰਤ ਨੂੰ ਢਾਹ ਕੇ ਦਮਦਮੀ ਟਕਸਾਲ ਵੱਲੋਂ ਸੰਗਤ ਦੇ ਹੱਥਾਂ ਤੇ ਦਸਵੰਧ ਨਾਲ ਨਵ-ਉਸਾਰੀ ਕਰਵਾਉਣ ਦੀ ਸੇਵਾ ਸ਼ੁਰੂ ਹੋਈ। ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ, ਭਾਈ ਸਾਹਿਬ ਭਾਈ ਅਮਰੀਕ ਸਿੰਘ ਤੇ ਹੋਰ ਸ਼ਹੀਦਾਂ ਦੇ ਪਰਿਵਾਰਾਂ ਦਾ ਸੋਨੇ ਦੇ ਤਗਮਿਆਂ ਨਾਲ਼ ਸਨਮਾਨ ਕੀਤਾ ਗਿਆ, ਸ਼੍ਰੋਮਣੀ ਕਮੇਟੀ ਅਤੇ ਹੋਰ ਲੋਕਲ ਕਮੇਟੀਆਂ ਨੂੰ ਭੰਗ ਕਰਨ ਦਾ ਐਲਾਨ ਹੋਇਆ, ਪੰਜ ਮੈਂਬਰੀ ਪੰਥਕ ਕਮੇਟੀ ਦਾ ਗਠਨ ਕੀਤਾ ਗਿਆ, ਸ੍ਰੀ ਦਰਬਾਰ ਸਾਹਿਬ ਦਾ ਮੁੱਖ ਗ੍ਰੰਥੀ ਗਿਆਨੀ ਬਖਸ਼ੀਸ਼ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਜਥੇਦਾਰ ਭਾਈ ਜਸਬੀਰ ਸਿੰਘ ਰੋਡੇ (ਨਜ਼ਰਬੰਦ ਸਾਗਰ ਜੇਲ੍ਹ) ਤੇ ਕਾਰਜਕਾਰੀ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਥਾਪਿਆ ਗਿਆ। ਸਿੱਖਾਂ ਦੇ ਕਤਲੇਆਮ ਲਈ ਇੰਦਰਾ ਗਾਂਧੀ, ਰਾਜੀਵ ਗਾਂਧੀ, ਭਜਨ ਲਾਲ, ਜ਼ੈਲ ਸਿੰਘ, ਬੂਟਾ ਸਿੰਘ, ਦਰਬਾਰਾ ਸਿੰਘ, ਜਨਰਲ ਬਰਾੜ, ਜਗਦੀਸ਼ ਟਾਈਟਲਰ, ਜਨਰਲ ਵੈਦਿਆ ਤੇ ਹੋਰਾਂ ਨੂੰ ਦੋਸ਼ੀ ਠਹਿਰਾਇਆ ਗਿਆ ਅਤੇ ਸਿੱਖ ਕੌਮ ਨਾਲ ਵਿਸ਼ਵਾਸਘਾਤ ਕਰਨ ਵਾਲੇ ਹਰਚੰਦ ਸਿੰਘ ਲੌਂਗੋਵਾਲ, ਗੁਰਚਰਨ ਸਿੰਘ ਟੌਹੜਾ, ਪ੍ਰਕਾਸ਼ ਸਿੰਘ ਬਾਦਲ, ਸੁਰਜੀਤ ਸਿੰਘ ਬਰਨਾਲਾ, ਬਲਵੰਤ ਸਿੰਘ, ਸੁਖਜਿੰਦਰ ਸਿੰਘ, ਬਲਵੰਤ ਸਿੰਘ ਰਾਮੂੰਵਾਲੀਆ ਅਤੇ ਰਵੀ ਇੰਦਰ ਸਿੰਘ ਨੂੰ ਦੋਸ਼ੀ ਠਹਿਰਾਇਆ ਗਿਆ ਅਤੇ ਪਟਿਆਲੇ ਦੇ ਰਾਜਕੁਮਾਰ ਅਮਰਿੰਦਰ ਸਿੰਘ ਨੂੰ ਬੁੱਕਲ ਦਾ ਸੱਪ ਕਿਹਾ ਗਿਆ। ਸਰਬੱਤ ਖ਼ਾਲਸਾ ਸਮਾਗਮ ਨੇ ਸਪੱਸ਼ਟ ਕੀਤਾ ਕਿ ਸਿੱਖ ਭਾਰਤ ਵਿੱਚ ਗ਼ੁਲਾਮ ਹਨ ਅਤੇ ਆਜ਼ਾਦੀ ਉਹਨਾਂ ਦਾ ਮੁੱਢਲਾ ਹੱਕ ਹੈ। ਇੱਕ ਮਤੇ ਵਿੱਚ ਇਹ ਵੀ ਕਿਹਾ ਗਿਆ ਕਿ ਦੁਸ਼ਟ ਇੰਦਰਾ ਗਾਂਧੀ ਨੂੰ ਸੋਧਣ ਵਾਲੇ ਭਾਈ ਸਤਵੰਤ ਸਿੰਘ ਅਤੇ ਭਾਈ ਕੇਹਰ ਸਿੰਘ ਨੂੰ ਜੇ ਫਾਂਸੀ ਦਿੱਤੀ ਗਈ ਤਾਂ ਉਹ ਖ਼ਾਲਿਸਤਾਨ ਦੇ ਸ਼ਹੀਦ ਕਹੇ ਜਾਣਗੇ।” ਸਰਬੱਤ ਖਾਲਸਾ ਵੱਲੋਂ ਗਠਿਤ ਕੀਤੀ ਪੰਜ ਮੈਂਬਰੀ ਪੰਥਕ ਕਮੇਟੀ ਦੇ ਮੈਂਬਰਾਂ ਬਾਬਾ ਗੁਰਬਚਨ ਸਿੰਘ ਮਾਨੋਚਾਹਲ, ਭਾਈ ਗੁਰਦੇਵ ਸਿੰਘ ਉਸਮਾਨਵਾਲਾ, ਭਾਈ ਅਰੂੜ ਸਿੰਘ, ਭਾਈ ਧੰਨਾ ਸਿੰਘ ਅਤੇ ਭਾਈ ਵੱਸਣ ਸਿੰਘ ਜ਼ੱਫ਼ਰਵਾਲ ਨੇ ਇਸ ਤੋਂ ਬਾਅਦ 29 ਅਪ੍ਰੈਲ 1986 ਨੂੰ ਸ੍ਰੀ ਦਰਬਾਰ ਸਾਹਿਬ ਸਮੂਹ ਵਿੱਚੋਂ ਖ਼ਾਲਿਸਤਾਨ ਦਾ ਐਲਾਨ ਕਰ ਦਿੱਤਾ ਜੋ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਬਚਨਾਂ ਦੀ ਹੀ ਪ੍ਰੋੜ੍ਹਤਾ ਸੀ ਜਿਸ ਵਿੱਚ ਉਹਨਾਂ ਨੇ ਕਿਹਾ ਸੀ ਕਿ “ਜੇ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਹੋਇਆ ਤਾਂ ਖ਼ਾਲਿਸਤਾਨ ਦੀ ਨੀਂਹ ਰੱਖੀ ਜਾਵੇਗੀ।” ਫਿਰ ਖ਼ਾਲਿਸਤਾਨ ਦੇ ਹਥਿਆਰਬੰਦ ਸੰਘਰਸ਼ ਵਿੱਚ ਹਜ਼ਾਰਾਂ ਸਿੰਘਾਂ-ਸਿੰਘਣੀਆਂ ਨੇ ਜੁਝਾਰੂ ਕਾਰਵਾਈਆਂ ਕੀਤੀਆਂ, ਦੁਸ਼ਟਾਂ ਨੂੰ ਸੋਧਿਆ, ਤਸੀਹੇ ਝੱਲੇ ਅਤੇ ਸ਼ਹਾਦਤਾਂ ਪ੍ਰਾਪਤ ਕੀਤੀਆਂ। ਇਸ ਸਰਬੱਤ ਖ਼ਾਲਸਾ ਕਰਕੇ ਸਿੱਖ ਪੰਥ ਦੀ ਖਿੰਡਰੀ ਹੋਈ ਸ਼ਕਤੀ ਇਕੱਠੀ ਹੋਈ ਸੀ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮੁੜ ਉਸਾਰੀ ਹੋਈ ਤੇ ਖ਼ਾਲਿਸਤਾਨ ਦਾ ਸੰਘਰਸ਼ ਪੜਾਅ-ਦਰ-ਪੜਾਅ ਚੱਲਿਆ ਜੋ ਅੱਜ ਵੀ ਜਾਰੀ ਹੈ। 26 ਜਨਵਰੀ 1986 ਸਿੱਖ ਕੌਮ ਦੀ ਇਤਿਹਾਸਕ ਦਿਨ ਸੀ ਤੇ ਸਰਬੱਤ ਖਾਲਸਾ ਵਿੱਚ ਇਤਿਹਾਸਕ ਫੈਸਲੇ ਹੋਏ ਸਨ ਜਿਸ ਉੱਤੇ ਕੌਮ ਨੂੰ ਸਦਾ ਮਾਣ ਰਹੇਗਾ।

## ਗਣਤੰਤਰ ਦਿਵਸ਼ ਤੇ ਵਿਸ਼ੇਸ਼ ਲੇਖ

### ਗਣਤੰਤਰ ਦਿਵਸ: ਭਾਰਤੀ ਲੋਕਤੰਤਰ ਦੀ ਆਤਮਾ

ਵਰਲਡ ਪੰਜਾਬੀ ਟਾਈਮਜ਼
ਪ੍ਰਿੰਸੀਪਲ ਕੁਲਦੀਪ ਕੌਰ




26 ਜਨਵਰੀ ਭਾਰਤ ਦੇ ਇਤਿਹਾਸ ਵਿੱਚ ਇੱਕ ਅਤਿ ਮਹੱਤਵਪੂਰਨ ਅਤੇ ਗੌਰਵਮਈ ਦਿਨ ਹੈ। ਇਸ ਦਿਨ 1950 ਵਿੱਚ ਭਾਰਤ ਦਾ ਸੰਵਿਧਾਨ ਲਾਗੂ ਹੋਇਆ ਅਤੇ ਦੇਸ਼ ਨੇ ਬ੍ਰਿਟਿਸ਼ ਸ਼ਾਸਨ ਦੇ ਅਧੀਨ ਬਣੇ ਕਾਨੂੰਨਾਂ ਤੋਂ ਮੁਕਤੀ ਹਾਸਲ ਕਰਕੇ ਆਪਣੇ ਆਪ ਨੂੰ ਇੱਕ ਸੰਪੂਰਨ ਗਣਤੰਤਰ ਰਾਜ ਘੋਸ਼ਿਤ ਕੀਤਾ। ਗਣਤੰਤਰ ਦਿਵਸ ਸਿਰਫ਼ ਇੱਕ ਰਾਸ਼ਟਰੀ ਤਿਉਹਾਰ ਹੀ ਨਹੀਂ, ਸਗੋਂ ਇਹ ਭਾਰਤੀ ਲੋਕਤੰਤਰ, ਸੰਵਿਧਾਨਕ ਮੁੱਲਾਂ ਅਤੇ ਦੇਸ਼ ਦੀ ਸਰਵ ਭੌਮਤਾ ਦਾ ਪ੍ਰਤੀਕ ਹੈ।

ਭਾਰਤ ਦਾ ਸੰਵਿਧਾਨ ਡਾ. ਭੀਮਰਾਓ ਅੰਬੇਡਕਰ ਦੀ ਅਗਵਾਈ ਹੇਠ ਤਿਆਰ ਕੀਤਾ ਗਿਆ, ਜੋ ਦੁਨੀਆ ਦੇ ਸਭ ਤੋਂ ਵਿਸਤ੍ਰਿਤ ਅਤੇ ਲੋਕਤਾਂਤਰਿਕ ਸੰਵਿਧਾਨਾਂ ਵਿੱਚੋਂ ਇੱਕ ਹੈ। ਇਹ ਸੰਵਿਧਾਨ ਹਰ ਨਾਗਰਿਕ ਨੂੰ ਸਮਾਨਤਾ, ਆਜ਼ਾਦੀ, ਨਿਆਂ ਅਤੇ ਭਰਾਤ੍ਰਤਾ ਦੇ ਅਧਿਕਾਰ ਦਿੰਦਾ ਹੈ, ਭਾਵੇਂ ਉਸ ਦੀ ਜਾਤ, ਧਰਮ, ਭਾਸ਼ਾ ਜਾਂ ਲਿੰਗ ਕੋਈ ਵੀ ਹੋਵੇ। ਗਣਤੰਤਰ ਦਿਵਸ ਸਾਨੂੰ ਇਹ ਯਾਦ ਦਿਵਾਉਂਦਾ ਹੈ ਕਿ ਅਧਿਕਾਰਾਂ ਦੇ ਨਾਲ-ਨਾਲ ਆਪਣੇ ਕਰਤੱਬਾਂ ਦੀ ਪਾਲਣਾ ਕਰਨੀ ਵੀ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ।

ਇਸ ਪਾਵਨ ਦਿਨ ਦੇ ਮੌਕੇ ‘ਤੇ ਦੇਸ਼ ਦੀ ਰਾਜਧਾਨੀ ਨਵੀਂ ਦਿੱਲੀ ਵਿੱਚ ਸ਼ਾਨਦਾਰ ਪਰੇਡ ਆਯੋਜਿਤ ਕੀਤੀ ਜਾਂਦੀ ਹੈ। ਇਸ ਪਰੇਡ ਰਾਹੀਂ ਭਾਰਤ ਦੀ ਸੈਨਿਕ ਤਾਕਤ, ਅਨੁਸ਼ਾਸਨ ਅਤੇ ਸੁਰੱਖਿਆ ਪ੍ਰਬੰਧਾਂ ਦਾ ਪ੍ਰਦਰਸ਼ਨ ਹੁੰਦਾ ਹੈ। ਨਾਲ ਹੀ, ਵੱਖ-ਵੱਖ ਰਾਜਾਂ ਵੱਲੋਂ ਪੇਸ਼ ਕੀਤੀਆਂ ਗਈਆਂ ਝਾਕੀਆਂ ਭਾਰਤ ਦੀ ਵਿਭਿੰਨਤਾ ਵਿੱਚ ਏਕਤਾ ਨੂੰ ਦਰਸਾਉਂਦੀਆਂ ਹਨ। ਇਹ ਦ੍ਰਿਸ਼ ਸਾਨੂੰ ਦੇਸ਼ ਦੀ ਸਾਂਝੀ ਸੰਸਕ੍ਰਿਤੀ ਅਤੇ ਅਟੁੱਟ ਏਕਤਾ ਦਾ ਅਹਿਸਾਸ ਕਰਵਾਉਂਦਾ ਹੈ।

ਗਣਤੰਤਰ ਦਿਵਸ ਦੇ ਮੌਕੇ ‘ਤੇ ਸਕੂਲਾਂ, ਕਾਲਜਾਂ ਅਤੇ ਸਰਕਾਰੀ ਸੰਸਥਾਵਾਂ ਵਿੱਚ ਝੰਡਾ ਫਹਿਰਾਉਣ ਦੀ ਰਸਮ ਅਦਾ ਕੀਤੀ ਜਾਂਦੀ ਹੈ। ਵਿਦਿਆਰਥੀ ਦੇਸ਼ਭਗਤੀ ਗੀਤ, ਭਾਸ਼ਣ ਅਤੇ ਸੱਭਿਆਚਾਰਕ ਕਾਰਜ ਕ੍ਰਮਾਂ ਰਾਹੀਂ ਆਪਣੀ ਦੇਸ਼ ਪ੍ਰੇਮ ਭਾਵਨਾ ਪ੍ਰਗਟ ਕਰਦੇ ਹਨ। ਇਹ ਸਮਾਰੋਹ ਨਵੀਂ ਪੀੜ੍ਹੀ ਵਿੱਚ ਰਾਸ਼ਟਰੀ ਚੇਤਨਾ ਅਤੇ ਨਾਗਰਿਕ ਜੁੰਮੇਵਾਰੀ ਦਾ ਬੀਜ ਬੀਜਦੇ ਹਨ।

ਅੱਜ ਦੇ ਬਦਲਦੇ ਸਮਾਜਿਕ ਅਤੇ ਗਲੋਬਲ ਦੌਰ ਵਿੱਚ ਗਣਤੰਤਰ ਦਿਵਸ ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ। ਇਹ ਦਿਨ ਸਾਨੂੰ ਸੰਵਿਧਾਨਕ ਮੁੱਲਾਂ ਦੀ ਰੱਖਿਆ ਕਰਨ, ਸਮਾਜਿਕ ਸਮਰਸਤਾ ਨੂੰ ਕਾਇਮ ਰੱਖਣ ਅਤੇ ਦੇਸ਼ ਦੀ ਤਰੱਕੀ ਵਿੱਚ ਸਕਾਰਾਤਮਕ ਯੋਗਦਾਨ ਪਾਉਣ ਦੀ ਪ੍ਰੇਰਣਾ ਦਿੰਦਾ ਹੈ। ਇੱਕ ਮਜ਼ਬੂਤ ਅਤੇ ਖੁਸ਼ਹਾਲ ਭਾਰਤ ਦੀ ਨੀਂਹ ਜਾਗਰੂਕ, ਇਮਾਨਦਾਰ ਅਤੇ ਜ਼ਿੰਮੇਵਾਰ ਨਾਗਰਿਕਾਂ ‘ਤੇ ਹੀ ਟਿਕੀ ਹੋਈ ਹੈ।

ਆਓ, ਇਸ ਗਣਤੰਤਰ ਦਿਵਸ ‘ਤੇ ਅਸੀਂ ਇਹ ਸੰਕਲਪ ਲਈਏ ਕਿ ਅਸੀਂ ਸੰਵਿਧਾਨ ਵਿੱਚ ਦਰਜ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਗੌਰਵ ਨੂੰ ਸਦਾ ਬਰਕਰਾਰ ਰੱਖਾਂਗੇ।